**ਆਕਾਸ਼ਵਾਣੀ ਜਲੰਧਰ**

**ਪ੍ਰਦੇਸ਼ਿਕ ਖਬਰਾਂ ਪੰਜਾਬੀ**

**18:20**

**ਮਿਤੀ : 11-09-2025**

**<u>ਪਹਿਲਾਂ ਬੁਲੇਟਿਨ ਦੀਆਂ ਖਾਸ ਖਬਰਾਂ</u>**

- ਗ੍ਰਿਹ ਮੰਤਰੀ ਅਮਿਤ ਸ਼ਾਹ ਨੇ ਅੰਮ੍ਰਿਤਸਰ ਸਮੇਤ ਦੇਸ਼ ਦੇ 5 ਹਵਾਈ ਅੱਡਿਆਂ 'ਤੇ ਵੀਡੀਓ ਕਾਨਫਰੰਸ ਰਾਹੀਂ, ਫਾਸਟ ਟਰੈਕ ਇਮੀਗ੍ਰੇਸ਼ਨ-ਟਰੱਸਟਡ ਟਰੈਵਲਰ ਪ੍ਰੋਗਰਾਮ ਦਾ ਉਦਘਾਟਨ ਕੀਤਾ।
- ਵਿਦੇਸ਼ ਮੰਤਰਾਲੇ ਨੇ ਭਾਰਤੀ ਨਾਗਰਿਕਾਂ ਨੂੰ ਰੂਸੀ ਫੌਜ ਵਿੱਚ ਸ਼ਾਮਲ ਹੋਣ ਦੀ ਕਿਸੇ ਵੀ ਪੇਸ਼ਕਸ਼ ਤੋਂ ਦੂਰ ਰਹਿਣ ਦੀ ਸਲਾਹ ਜਾਰੀ ਕੀਤੀ।
- ਪੰਜਾਬ ਵੱਲੋਂ 2024-25 ਪਿੜਾਈ ਸੀਜ਼ਨ ਲਈ ਗੰਨੇ ਦੀ ਅਦਾਇਗੀ ਵਾਸਤੇ 679 ਕਰੋੜ 37 ਲੱਖ ਰੁਪਏ ਜਾਰੀ।
- ਸੀਮਾ ਸੁਰੱਖਿਆ ਬਲ ਤੇ ਪੰਜਾਬ ਪੁਲਿਸ ਵਲੋਂ ਫਾਜ਼ਿਲਕਾ ਤੇ ਅੰਮ੍ਰਿਤਸਰ 'ਚ, ਦੋ ਵੱਖ-ਵੱਖ ਮਾਮਲਿਆਂ ਵਿਚ ਹਥਿਆਰਾਂ ਦੀ ਵੱਡੀ ਖੇਪ ਬਰਾਮਦ - 8 ਤਸਕਰ ਗ੍ਰਿਫਤਾਰ।

- ਸਰਵਉੱਚ ਅਦਾਲਤ ਨੇ 14 ਸਤੰਬਰ ਨੂੰ ਹੋਣ ਵਾਲੇ ਭਾਰਤ-ਪਾਕਿਸਤਾਨ ਏਸ਼ੀਆ ਕੱਪ TWENTY-TWENTY ਮੈਚ ਨੂੰ ਰੱਦ ਕਰਨ ਦੀ ਮੰਗ ਕਰਨ ਵਾਲੀ ਪਟੀਸ਼ਨ 'ਤੇ, ਤੁਰੰਤ ਸੁਣਵਾਈ ਤੋਂ ਇਨਕਾਰ ਕੀਤਾ ।

## ਹੁਣ ਖਬਰਾਂ ਵਿਸਥਾਰ ਨਾਲ

ਗ੍ਰਿਹ ਮੰਤਰੀ ਅਮਿਤ ਸ਼ਾਹ ਨੇ ਅੱਜ ਅੰਮ੍ਰਿਤਸਰ ,ਲਖਨਊ, ਤਿਰੂਵਨੰਤਪੁਰਮ, ਤ੍ਰਿਚੀ ਅਤੇ ਕਾਲੀਕਟ ਹਵਾਈ ਅੱਡਿਆਂ 'ਤੇ ਵੀਡੀਓ ਕਾਨਫਰੰਸ ਰਾਹੀਂ ਫਾਸਟ ਟਰੈਕ ਇਮੀਗ੍ਰੇਸ਼ਨ-ਟਰੱਸਟਡ ਟਰੈਵਲਰ ਪ੍ਰੋਗਰਾਮ ਦਾ ਉਦਘਾਟਨ ਕੀਤਾ। ਇਸ ਮੌਕੇ ਅਮਿਤ ਸ਼ਾਹ ਨੇ ਕਿਹਾ ਕਿ ਇਸ ਪ੍ਰੋਗਰਾਮ ਦਾ ਉਦੇਸ਼ ਤੇਜ਼, ਸੁਚਾਰੂ ਅਤੇ ਸੁਰੱਖਿਅਤ ਇਮੀਗ੍ਰੇਸ਼ਨ ਕਲੀਅਰੈਂਸ ਨਾਲ ਅੰਤਰ-ਰਾਸ਼ਟਰੀ ਆਵਾਜਾਈ ਨੂੰ ਸੁਵਿਧਾਜਨਕ ਬਣਾਉਣਾ ਏ।

BYTE

ਇਹ ਪ੍ਰੋਗਰਾਮ ਇਮੀਗ੍ਰੇਸ਼ਨ ਕਲੀਅਰੈਂਸ ਪ੍ਰਕਿਰਿਆ ਵਿੱਚ ਮਨੁੱਖੀ ਦਖਲਅੰਦਾਜ਼ੀ ਨੂੰ ਘੱਟ ਕਰਨ ਲਈ, ਈ-ਗੇਟਾਂ ਜਾਂ ਆਟੋਮੇਟਿਡ

ਬਾਰਡਰ ਗੇਟਾਂ 'ਤੇ ਚਲਾਇਆ ਜਾਵੇਗਾ ।ਅਮਿਤ ਸ਼ਾਹ ਨੇ ਕਿਹਾ ਕਿ ਪਿਛਲੇ 11 ਸਾਲਾਂ ਵਿੱਚ ਅੰਤਰ-ਰਾਸ਼ਟਰੀ ਆਵਾਜਾਈ ਵਿੱਚ ਕਾਫ਼ੀ ਵਾਧਾ ਹੋਇਆ ਏ ।

BYTE

---------------------------------------------------

ਸਰਬ ਭਾਰਤੀ ਕਾਂਗਰਸ ਕਮੇਟੀ ਦੇ ਸਕੱਤਰ ਅਤੇ ਵਿਧਾਇਕ, ਪਰਗਟ ਸਿੰਘ ਨੇ ਰੂਸੀ ਫੌਜ ਵਿੱਚ ਸੈਂਕੜੇ ਪੰਜਾਬੀਆਂ ਅਤੇ ਉੱਤਰ ਭਾਰਤ ਦੇ ਨੌਜਵਾਨਾਂ ਦੀ ਜ਼ਬਰਦਸਤੀ ਭਰਤੀ ਅਤੇ ਤਾਇਨਾਤੀ ਨੂੰ ਰੋਕਣ ਲਈ, ਕੇਂਦਰ ਸਰਕਾਰ ਅਤੇ ਪੰਜਾਬ ਸਰਕਾਰ ਦੇ ਦਖਲ ਦੀ ਮੰਗ ਕੀਤੀ ਏ। ਪੰਜਾਬੀ ਨੌਜਵਾਨਾਂ ਨੂੰ ਕਥਿਤ ਤੌਰ 'ਤੇ ਨੌਕਰੀ ਦੇ ਝੂਠੇ ਵਾਅਦੇ ਕਰਕੇ, ਰੂਸ ਲਿਜਾਣ ਅਤੇ ਇਥੇ ਘਰ 'ਚ ਉਨ੍ਹਾਂ ਦੇ ਪਰਿਵਾਰਾਂ ਦੀ ਹਾਲਤ ਦਾ ਸਬੂਤ ਦਿੰਦਿਆਂ, ਉਨ੍ਹਾਂ ਕਿਹਾ ਕਿ ਇਨ੍ਹਾਂ ਅਪਰਾਧਾਂ ਲਈ ਜ਼ਿੰਮੇਵਾਰ ਏਜੰਟਾਂ ਦੇ ਗਠਜੋੜ ਨੂੰ ਸਜ਼ਾ ਦੇਣ ਲਈ, ਇੱਕ ਵੀ ਠੋਸ ਕਦਮ ਨਹੀਂ ਚੁੱਕਿਆ ਗਿਆ ਏ। ਇਸ ਦੌਰਾਨ, ਵਿਦੇਸ਼ ਮੰਤਰਾਲੇ ਨੇ ਅੱਜ ਇੱਕ ਸਲਾਹ ਜਾਰੀ ਕਰਦਿਆਂ ਆਖਿਆ ਏ ਕਿ, ਸਰਕਾਰ ਨੇ ਇੱਕ ਵਾਰ ਫਿਰ,

ਸਾਰੇ ਭਾਰਤੀ ਨਾਗਰਿਕਾਂ ਨੂੰ ਰੂਸੀ ਫੌਜ ਵਿੱਚ ਸ਼ਾਮਲ ਹੋਣ ਦੀ ਕਿਸੇ ਵੀ ਪੇਸ਼ਕਸ਼ ਤੋਂ ਦੂਰ ਰਹਿਣ ਲਈ ਕਿਹਾ ਏ ਕਿਉਂਕਿ ਇਹ ਖ਼ਤਰੇ ਨਾਲ ਭਰਿਆ ਰਸਤਾ ਏ। ਵਿਦੇਸ਼ ਮੰਤਰਾਲੇ ਦੇ ਬੁਲਾਰੇ, ਰਣਧੀਰ ਜੈਸਵਾਲ ਨੇ ਕਿਹਾ ਏ ਕਿ ਸਰਕਾਰ ਨੇ ਦਿੱਲੀ ਅਤੇ ਮਾਸਕੋ 'ਚ ਰੂਸੀ ਅਧਿਕਾਰੀਆਂ ਕੋਲ ਵੀ ਮਾਮਲਾ ਚੁਕਿਆ ਏ ਅਤੇ ਇਸ ਪ੍ਰਥਾ ਨੂੰ ਖਤਮ ਕਰਨ ਅਤੇ ਸਾਡੇ ਨਾਗਰਿਕਾਂ ਨੂੰ ਰਿਹਾਅ ਕਰਨ ਲਈ ਕਿਹਾ ਏ। ਉਨ੍ਹਾਂ ਕਿਹਾ ਕਿ ਸਰਕਾਰ, ਪ੍ਰਭਾਵਿਤ ਭਾਰਤੀ ਨਾਗਰਿਕਾਂ ਦੇ ਪਰਿਵਾਰਾਂ ਦੇ ਸੰਪਰਕ ਵਿੱਚ ਵੀ ਏ।

-----------------------------------------------------------

ਪੰਜਾਬ ਦੇ ਵਿੱਤ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਐਲਾਨ ਕੀਤਾ ਕਿ ਸੂਬਾ ਸਰਕਾਰ ਵੱਲੋਂ ਸਾਲ 2024-25 ਦੇ ਪਿੜਾਈ ਸੀਜ਼ਨ ਲਈ ਗੰਨੇ ਦੀ ਅਦਾਇਗੀ ਲਈ 679 ਕਰੋੜ 37 ਲੱਖ ਰੁਪਏ ਜਾਰੀ ਕੀਤੇ ਜਾ ਚੁੱਕੇ ਨੇ। ਅੱਜ ਜਾਰੀ ਇੱਕ ਪ੍ਰੈਸ ਬਿਆਨ ਵਿੱਚ, ਵਿੱਤ ਮੰਤਰੀ ਨੇ ਕਿਹਾ ਕਿ ਸੂਬੇ ਦੀਆਂ 9 ਸਹਿਕਾਰੀ ਮਿੱਲਾਂ ਨੂੰ ਗੰਨਾ ਮਿੱਲਾਂ, ਜਿਨ੍ਹਾਂ ਵੱਲੋਂ ਸੀਜ਼ਨ ਦੌਰਾਨ ਕੁੱਲ 194 ਲੱਖ 66 ਹਜ਼ਾਰ ਕੁਇੰਟਲ ਗੰਨੇ ਦੀ

ਪੀੜਾਈ ਕੀਤੀ ਕੀਤੀ ਗਈ, ਨੂੰ ਗੰਨਾ ਸਪਲਾਈ ਕਰਨ ਵਾਲੇ ਰਾਜ ਭਰ ਦੇ 18 ਹਜ਼ਾਰ 771 ਕਿਸਾਨਾਂ ਨੂੰ ਇਸ ਅਦਾਇਗੀ ਦਾ ਲਾਭ ਪਹੁੰਚਿਆ ਏ। ਉਨ੍ਹਾਂ ਕਿਹਾ ਕਿ 401 ਰੁਪਏ ਪ੍ਰਤੀ ਕੁਇੰਟਲ ਦੀ ਅਦਾਇਗੀ ਦਰ ਦੇ ਹਿਸਾਲ ਨਾਲ ਕਿਸਾਨਾਂ ਦਾ ਕੁੱਲ ਬਕਾਇਆ 779 ਕਰੋੜ 86 ਲੱਖ ਰੁਪਏ ਸੀ ਅਤੇ ਬਾਕੀ ਰਹਿੰਦੇ 100 ਕਰੋੜ 49 ਲੱਖ  ਰੁਪਏ ਦੀ ਅਦਾਇਗੀ ਵੀ ਇਸ ਸਬੰਧੀ ਕੇਂਦਰੀ ਸਹਾਇਤਾ ਪ੍ਰਾਪਤ ਹੋਣ ‘ਤੇ ਜਲਦੀ ਹੀ ਕਰ ਦਿੱਤੀ ਜਾਵੇਗੀ। ਵਿੱਤ ਮੰਤਰੀ ਨੇ ਦੱਸਿਆ ਕਿ ਹੁਣ ਤੱਕ 87 ਫੀਸਦੀ ਤੋਂ ਵੱਧ ਦੀ ਅਦਾਇਗੀ ਕੀਤੀ ਜਾ ਚੁਕੀ ਏ।

-------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਆਜ਼ਾਦੀ ਦਿਵਸ 'ਤੇ ਲਾਲ ਕਿਲ੍ਹੇ ਦੀ ਫਸੀਲ ਤੋਂ ਦੀਵਾਲੀ ਤੱਕ GST ਸੁਧਾਰਾਂ ਦੀ ਅਗਲੀ ਪੀੜ੍ਹੀ ਦਾ ਐਲਾਨ ਕੀਤਾ ਸੀ. 3 ਸਤੰਬਰ ਨੂੰ, GST ਕੌਂਸਲ ਨੇ ਆਮ ਆਦਮੀ 'ਤੇ ਧਿਆਨ ਕੇਂਦਰਿਤ ਕਰਦੇ ਹੋਏ, ਦਰਾਂ ਨੂੰ ਤਰਕਸੰਗਤ ਬਣਾਉਣ ਨੂੰ ਮਨਜ਼ੂਰੀ ਦਿੱਤੀ। ਅੱਜ ਅਸੀਂ ਆਟੋਮੋਬਾਈਲ ਸਨਅਤ ਲਈ ਕੀਤੇ ਗਏ GST ਸੁਧਾਰਾਂ ਬਾਰੇ ਗੱਲ ਕਰਦੇ ਹਾਂ।

## ਇੱਕ ਰਿਪੋਰਟ

ਅਗਲੀ ਪੀੜ੍ਹੀ ਦੇ GST ਸੁਧਾਰਾਂ ਤਹਿਤ, ਸਰਕਾਰ ਨੇ ਆਟੋਮੋਬਾਈਲ ਸੈਕਟਰ ਨੂੰ ਮਹੱਤਵਪੂਰਨ ਰਾਹਤ ਦਿੱਤੀ ਏ. 350 ਸੀਸੀ ਤੋਂ ਘੱਟ ਇੰਜਣ ਸਮਰੱਥਾ ਵਾਲੀਆਂ ਛੋਟੀਆਂ ਕਾਰਾਂ ਅਤੇ ਦੋਪਹੀਆ ਵਾਹਨਾਂ 'ਤੇ ਜੀਐਸਟੀ 28 ਫੀਸਦੀ ਤੋਂ ਘਟਾ ਕੇ, 18 ਫੀਸਦੀ ਕਰ ਦਿੱਤਾ ਗਿਆ ਏ। ਇਸੇ ਤਰ੍ਹਾਂ, ਬੱਸਾਂ, ਟਰੱਕਾਂ, ਤਿੰਨ ਪਹੀਆ ਵਾਹਨਾਂ ਅਤੇ ਸਾਰੇ ਆਟੋ ਪਾਰਟਸ 'ਤੇ ਵੀ ਟੈਕਸ ਘਟਾ ਕੇ 18 ਫ਼ੀਸਦੀ ਕਰ ਦਿੱਤਾ ਗਿਆ ਏ। ਇਲੈਕਟ੍ਰਿਕ ਵਾਹਨਾਂ ਨੂੰ 5 ਫ਼ੀਸਦੀ ਦੇ ਸਭ ਤੋਂ ਘੱਟ ਟੈਕਸ ਸਲੈਬ 'ਚ ਰੱਖਿਆ ਗਿਆ ਏ, ਜਦੋਂ ਕਿ ਲਗਜ਼ਰੀ ਵਾਹਨਾਂ 'ਤੇ ਹੁਣ ਸਭ ਤੋਂ ਵੱਧ 40 ਫ਼ੀਸਦੀ GST ਲੱਗੇਗਾ।ਆਟੋਮੋਬਾਈਲ ਸਨਅਤ ਆਰਥਿਕਤਾ ਵਿੱਚ ਇੱਕ ਅਹਿਮ ਭੂਮਿਕਾ ਨਿਭਾਉਂਦਾ ਏ। ਅਗਲੀ ਪੀੜ੍ਹੀ ਦੇ ਜੀਐਸਟੀ ਸੁਧਾਰ ਨਾ ਸਿਰਫ਼ ਵਾਹਨਾਂ ਦੀਆਂ ਕੀਮਤਾਂ ਨੂੰ ਘਟਾਉਣਗੇ ਬਲਕਿ ਮੰਗ ਨੂੰ ਵੀ ਵਧਾਉਣਗੇ, ਜਿਸ ਨਾਲ ਪੂਰੇ ਖੇਤਰ ਵਿੱਚ ਵਿਕਾਸ ਦੇ ਮੌਕੇ ਪੈਦਾ ਹੋਣਗੇ। ਬਿਊਰੋ ਰਿਪੋਰਟ ਨਾਲ ਜਲੰਧਰ ਤੋਂ ਆਕਾਸ਼ਵਾਣੀ ਖਬਰਾਂ ਲਈ ਮੈਂ ਕਾਜਲ

---

ਕੇਂਦਰੀ ਸਿਹਤ ਮੰਤਰੀ ਜੇ.ਪੀ. ਨੱਡਾ ਨੇ ਅੱਜ ਦੇਸ਼ ਵਿੱਚ ਮੌਜੂਦਾ ਡੇਂਗੂ ਅਤੇ ਮਲੇਰੀਆ ਸਥਿਤੀ ਦੀ ਸਮੀਖਿਆ ਕੀਤੀ ਤਾਂ ਜੋ ਸੂਬਿਆਂ ਵਲੋਂ ਕੀਤੀਆਂ ਜਾ ਰਹੀਆਂ ਰੋਕਥਾਮ ਗਤੀਵਿਧੀਆਂ ਨੂੰ ਤੇਜ਼ ਕੀਤਾ ਜਾ ਸਕੇ। ਸਮੀਖਿਆ ਮੀਟਿੰਗ ਦੌਰਾਨ, ਸ਼੍ਰੀ ਨੱਡਾ ਨੇ ਮੌਜੂਦਾ ਸਥਿਤੀ ਅਤੇ ਡੇਂਗੂ ਅਤੇ ਮਲੇਰੀਆ ਨੂੰ ਰੋਕਣ ਅਤੇ ਕੰਟਰੋਲ ਕਰਨ ਵਿੱਚ ਮੁੱਖ ਚੁਣੌਤੀਆਂ ਦਾ

ਜਾਇਜ਼ਾ ਲਿਆ। ਉਨ੍ਹਾਂ ਨੇ ਰਾਜਾਂ, ਸਥਾਨਕ ਸੰਸਥਾਵਾਂ ਅਤੇ ਭਾਈਚਾਰਿਆਂ ਨੂੰ ਲੋਕਾਂ ਦੀ ਸਿਹਤ ਦੀ ਰੱਖਿਆ ਲਈ ਖਾਸ ਕਰਕੇ ਇਸ ਉੱਚ-ਜੋਖਮ ਵਾਲੇ ਸਮੇਂ ਦੌਰਾਨ ਰੋਕਥਾਮ ਅਤੇ ਕੰਟਰੋਲ ਉਪਾਵਾਂ ਨੂੰ ਤੇਜ਼ ਕਰਨ ਦੀ ਅਪੀਲ ਕੀਤੀ । ਸ਼੍ਰੀ ਨੱਡਾ ਨੇ ਸਾਰੇ ਮੁੱਖ ਮੰਤਰੀਆਂ ਦੇ ਸਲਾਹਕਾਰਾਂ ਨੂੰ ਆਉਣ ਵਾਲੇ ਮਹੀਨਿਆਂ ਵਿੱਚ ਚੌਕਸ ਰਹਿਣ ਦੀ ਅਪੀਲ ਕੀਤੀ। ਉਨ੍ਹਾਂ ਨੇ ਸਾਰੇ ਸਲਾਹਕਾਰਾਂ ਨੂੰ ਡੇਂਗੂ ਅਤੇ ਮਲੇਰੀਆ ਦੇ ਪ੍ਰਭਾਵਸ਼ਾਲੀ ਨਿਯੰਤਰਣ ਲਈ ਰੋਕਥਾਮ ਉਪਾਵਾਂ ਅਤੇ ਭਾਈਚਾਰਕ ਜਾਗਰੂਕਤਾ ਗਤੀਵਿਧੀਆਂ ਨੂੰ ਵਧਾਉਣ ਦੀ ਅਪੀਲ ਕੀਤੀ। ਮੁੱਖ ਮੰਤਰੀ ਨੇ ਰਾਜਾਂ ਦੇ ਸਿਹਤ ਮੰਤਰੀਆਂ ਨੂੰ ਸਥਿਤੀ ਦੀ ਨਿੱਜੀ ਤੌਰ 'ਤੇ ਸਮੀਖਿਆ ਕਰਨ ਅਤੇ 20 ਦਿਨਾਂ ਦੇ ਅੰਦਰ ਇੱਕ ਕਾਰਜ ਯੋਜਨਾ ਤਿਆਰ ਕਰਨ ਦੀ ਸਲਾਹ ਦਿੱਤੀ।

-------------------------------------------------------

ਸੀਮਾ ਸੁਰੱਖਿਆ ਬਲ ਨੇ ਫਾਜ਼ਿਲਕਾ ਵਿੱਚ ਪੰਜਾਬ ਪੁਲਿਸ ਨਾਲ ਇੱਕ ਸਾਂਝੇ ਆਪ੍ਰੇਸ਼ਨ ਵਿੱਚ 27 ਪਿਸਤੌਲਾਂ ਅਤੇ 470 ਅਣਚਲੇ ਕਾਰਤੂਸਾਂ ਦੀ ਸਭ ਤੋਂ ਵੱਡੀ ਖੇਪ ਜ਼ਬਤ ਕੀਤੀ ਏ ਅਤੇ ਸਰਹੱਦ ਪਾਰ ਹਥਿਆਰਾਂ ਦੇ 2

ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਏ ।  ਬਾਅਦ ਵਿੱਚ, ਪੰਜਾਬ ਪੁਲਿਸ ਨੇ ਦਾਅਵਾ ਕੀਤਾ ਕਿ ਇਸ ਆਪ੍ਰੇਸ਼ਨ ਨਾਲ, ਇੱਕ ਸਰਹੱਦ ਪਾਰ ਹਥਿਆਰਾਂ ਦੀ ਤਸਕਰੀ ਮਾਡਿਊਲ ਦਾ ਪਰਦਾਫਾਸ਼ ਕੀਤਾ ਗਿਆ ਏ । ਮੁੱਢਲੀ ਜਾਂਚ ਤੋਂ ਪਤਾ ਲਗਿਆ ਏ ਕਿ ਹਥਿਆਰ ਇੱਕ ਵਿਦੇਸ਼ੀ ਸੰਸਥਾ ਰਾਹੀਂ ਪਾਕਿਸਤਾਨ ਤੋਂ ਪ੍ਰਾਪਤ ਕੀਤੇ ਗਏ ਸਨ ਅਤੇ ਪੰਜਾਬ ਵਿੱਚ ਅਪਰਾਧਿਕ ਗਿਰੋਹਾਂ ਵਲੋਂ ਵਰਤੇ ਜਾਣੇ ਸਨ। ਅੰਮ੍ਰਿਤਸਰ ਵਿੱਚ ਇੱਕ ਹੋਰ ਖੁਫੀਆ ਏਜੰਸੀ ਦੀ ਅਗਵਾਈ ਵਾਲੀ ਕਾਰਵਾਈ ਵਿੱਚ, ਸਰਹੱਦ ਪਾਰ ਤਸਕਰੀ ਮਾਡਿਊਲ ਦੇ 6 ਮੈਂਬਰਾਂ ਨੂੰ 6 ਪਿਸਤੌਲਾਂ ਅਤੇ 5 ਲੱਖ 75 ਹਜ਼ਾਰ ਰੁਪਏ ਦੀ ਹਵਾਲਾ ਰਾਸ਼ੀ ਨਾਲ ਗ੍ਰਿਫ਼ਤਾਰ ਕੀਤਾ ਗਿਆ ਏ । ਪੂਰੇ ਤਸਕਰੀ ਨੈੱਟਵਰਕ ਦਾ ਪਰਦਾਫਾਸ਼ ਕਰਨ ਲਈ ਅਗਲੇਰੀ ਜਾਂਚ ਜਾਰੀ ਏ ।

-------------------------------------------------------

ਜਲੰਧਰ ਕਮਿਸ਼ਨਰੇਟ ਪੁਲਿਸ ਨੇ 7 ਮੁਲਜ਼ਮਾਂ ਨੂੰ 150 ਗ੍ਰਾਮ ਹੈਰੋਇਨ, ਸ਼ਰਾਬ ਅਤੇ 31 ਨਸ਼ੀਲੀਆਂ ਗੋਲੀਆਂ ਸਮੇਤ ਗ੍ਰਿਫ਼ਤਾਰ ਕੀਤਾ ਏ । ਪੁਲਿਸ ਕਮਿਸ਼ਨਰ ਧਨਪ੍ਰੀਤ ਕੌਰ ਨੇ  ਦੱਸਿਆ ਕਿ ਨਸ਼ਾ ਵਿਰੋਧੀ

ਮੁਹਿੰਮ ਤਹਿਤ ਸ਼ਹਿਰ ਵਿੱਚ ਕਈ ਥਾਵਾਂ 'ਤੇ ਛਾਪੇਮਾਰੀ ਕੀਤੀ ਗਈ ਜਿਸ ਦੌਰਾਨ 7 ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਗਿਆ। ਇਨ੍ਹਾਂ ਵਿਰੁੱਧ ਵੱਖ-ਵੱਖ ਥਾਣਿਆਂ ਵਿੱਚ 6 ਮੁਕੱਦਮੇ ਦਰਜ ਕੀਤੇ ਗਏ ਨੇ । ਗ੍ਰਿਫ਼ਤਾਰੀਆਂ ਦੌਰਾਨ ਇਨ੍ਹਾਂ ਵਿਅਕਤੀਆਂ ਕੋਲੋਂ 150 ਗ੍ਰਾਮ ਹੈਰੋਇਨ ਸ਼ਰਾਬ ਅਤੇ 31 ਨਸ਼ੀਲੀਆਂ ਗੋਲੀਆਂ ਬਰਾਮਦ ਕੀਤੀਆਂ ਗਈਆਂ ਹਨ। ਉਨ੍ਹਾਂ ਨੇ ਦੱਸਿਆ ਕਿ ਨਸ਼ਿਆਂ ਦੀ ਸਪਲਾਈ ਰੋਕਣ ਤੇ ਨਾਲ-ਨਾਲ ਇਨ੍ਹਾਂ ਨੂੰ ਨਸ਼ਾ ਛੁਡਾਊ ਕੇਂਦਰਾਂ ਵਿੱਚ ਦਾਖ਼ਲ ਕਰਵਾਇਆ ਗਿਆ ਏ ।

-----------------------------------------------------------

ਬੀਤੇ ਦਿਨੀ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਵਲੋਂ, ਪੰਜਾਬ ਦੇ ਹੜ ਪ੍ਰਭਾਵਿਤ ਗੁਰਦਾਸਪੁਰ ਜ਼ਿਲੇ ਦਾ ਦੌਰਾ ਕੀਤਾ ਗਿਆ । ਪ੍ਰਧਾਨ ਮੰਤਰੀ ਨਾਲ ਮਿਲਣ ਵਾਲੇ ਰਾਜਵੀਰ ਸਿੰਘ ਤੇ ਰਾਜੇਸ਼ ਸਿੰਘ ਸਮੇਤ ਹੋਰਨਾਂ ਕਿਸਾਨਾਂ ਨੇ ਕਿਹਾ ਉਨ੍ਹਾਂ ਨਾਲ ਸੁਹਿਰਦ ਮਾਹੌਲ ਵਿੱਚ ਗੱਲਬਾਤ ਹੋਈ ਏ ਅਤੇ ਪ੍ਰਧਾਨ ਮੰਤਰੀ ਨੇ ਕਿਸਾਨਾਂ ਨੂੰ ਹਰ ਸੰਭਵ ਮਦਦ ਦਾ ਭਰੋਸਾ ਦਿੱਤਾ ਏ ।

BYTE

---

ਸੁਪਰੀਮ ਕੋਰਟ ਨੇ ਦੁਬਈ ਵਿੱਚ, 14 ਸਤੰਬਰ ਨੂੰ ਹੋਣ ਵਾਲੇ ਭਾਰਤ-ਪਾਕਿਸਤਾਨ ਏਸ਼ੀਆ ਕੱਪ TWENTY-TWENTY ਮੈਚ ਨੂੰ ਰੱਦ ਕਰਨ ਦੀ ਮੰਗ ਕਰਨ ਵਾਲੀ ਪਟੀਸ਼ਨ 'ਤੇ ਤੁਰੰਤ ਸੁਣਵਾਈ ਤੋਂ ਇਨਕਾਰ ਕਰ ਦਿੱਤਾ ਏ | ਜਸਟਿਸ ਜੇ.ਕੇ. ਮਹੇਸ਼ਵਰੀ ਅਤੇ ਵਿਜੇ ਬਿਸ਼ਨੋਈ ਦੇ ਬੈਂਚ ਨੇ ਮਾਮਲੇ ਨੂੰ ਤੁਰੰਤ ਸੂਚੀਬੱਧ ਕਰਨ ਤੋਂ ਇਨਕਾਰ ਕਰ ਦਿੱਤਾ ਅਤੇ ਮੈਚ ਜਾਰੀ ਰੱਖਣ 'ਤੇ ਜ਼ੋਰ ਦਿੱਤਾ। ਕਾਨੂੰਨ ਦੇ ਚਾਰ ਵਿਦਿਆਰਥੀਆਂ ਵੱਲੋਂ ਦਾਇਰ ਜਨਹਿੱਤ ਪਟੀਸ਼ਨ ਵਿੱਚ ਦਲੀਲ ਦਿੱਤੀ ਗਈ ਸੀ ਕਿ ਪਹਿਲਗਾਮ ਦਹਿਸ਼ਤਗਰਦੀ ਹਮਲੇ ਅਤੇ ਆਪ੍ਰੇਸ਼ਨ ਸਿੰਦੂਰ ਤੋਂ ਬਾਅਦ ਪਾਕਿਸਤਾਨ ਨਾਲ ਖੇਡਣਾ ਰਾਸ਼ਟਰੀ ਮਾਨ -ਸਨਮਾਨ ਦਾ ਅਪਮਾਨ ਏ।

---

- ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਅੰਮ੍ਰਿਤਸਰ ਸਮੇਤ ਦੇਸ਼ ਦੇ 5 ਹਵਾਈ ਅੱਡਿਆਂ 'ਤੇ ਵੀਡੀਓ ਕਾਨਫਰੰਸ ਰਾਹੀਂ, ਫਾਸਟ ਟਰੈਕ ਇਮੀਗ੍ਰੇਸ਼ਨ-ਟਰੱਸਟਡ ਟਰੈਵਲਰ ਪ੍ਰੋਗਰਾਮ ਦਾ ਉਦਘਾਟਨ ਕੀਤਾ ।

- ਵਿਦੇਸ਼ ਮੰਤਰਾਲੇ ਨੇ ਭਾਰਤੀ ਨਾਗਰਿਕਾਂ ਨੂੰ ਰੂਸੀ ਫੌਜ ਵਿੱਚ ਸ਼ਾਮਲ ਹੋਣ ਦੀ ਕਿਸੇ ਵੀ ਪੇਸ਼ਕਸ਼ ਤੋਂ ਦੂਰ ਰਹਿਣ ਦੀ ਸਲਾਹ ਜਾਰੀ ਕੀਤੀ।
- ਪੰਜਾਬ ਵੱਲੋਂ 2024-25 ਪਿੜਾਈ ਸੀਜ਼ਨ ਲਈ ਗੰਨੇ ਦੀ ਅਦਾਇਗੀ ਵਾਸਤੇ 679 ਕਰੋੜ 37 ਲੱਖ ਰੁਪਏ ਜਾਰੀ।
- ਸੀਮਾ ਸੁਰੱਖਿਆ ਬਲ ਤੇ ਪੰਜਾਬ ਪੁਲਿਸ ਵਲੋਂ ਫਾਜ਼ਿਲਕਾ ਤੇ ਅੰਮ੍ਰਿਤਸਰ 'ਚ, ਦੋ ਵੱਖ-ਵੱਖ ਮਾਮਲਿਆਂ ਵਿਚ ਹਥਿਆਰਾਂ ਦੀ ਵੱਡੀ ਖੇਪ ਬਰਾਮਦ - 8 ਤਸਕਰ ਗ੍ਰਿਫਤਾਰ।
- ਸਰਵਉੱਚ ਅਦਾਲਤ ਨੇ 14 ਸਤੰਬਰ ਨੂੰ ਹੋਣ ਵਾਲੇ ਭਾਰਤ-ਪਾਕਿਸਤਾਨ ਏਸ਼ੀਆ ਕੱਪ TWENTY-TWENTY ਮੈਚ ਨੂੰ ਰੱਦ ਕਰਨ ਦੀ ਮੰਗ ਕਰਨ ਵਾਲੀ ਪਟੀਸ਼ਨ 'ਤੇ, ਤੁਰੰਤ ਸੁਣਵਾਈ ਤੋਂ ਇਨਕਾਰ ਕੀਤਾ ।

---------------------------------------------------

**ਇਸਦੇ ਨਾਲ ਹੀ ਖਬਰਾਂ ਦਾ ਇਹ ਬੁਲੇਟਿਨ ਖਤਮ ਹੁੰਦਾ ਏ**

**ਖਬਰਾਂ ਦਾ ਅਗਲਾ ਰਾਸ਼ਟਰੀ ਬੁਲੇਟਿਨ ਤੁਸੀਂ ਸੁਣੋਗੇ**

**ਸ਼ਾਮ ਸਾਢੇ 7 ਵਜੇ. ਨਮਸਕਾਰ**